ਪੰਜਾਬ ਵਿਧਾਨ ਸਭਾ ਸਕੱਤਰੇਤ

ਸ਼ੁੱਕਰਵਾਰ, ਮਿਤੀ 22 ਫਰਵਰੀ, 2019 ਨੂੰ ਹੋਣ ਵਾਲੀ ਪੰਜਾਬ ਵਿਧਾਨ ਸਭਾ ਦੀ ਬੈਠਕ ਵਿਚ ਪੁੱਛੇ ਜਾਣ ਵਾਲੇ ਨਿਸ਼ਾਨ ਵਾਲੇ ਪ੍ਰਸ਼ਨ।

ਸਰਪੰਚਾਂ/ਪੰਚਾਂ ਦਾ ਮਾਣ ਭੱਤਾ ਵਧਾਉਣ ਸਬੰਧੀ

***1799. ਸ਼੍ਰੀ ਅੰਗਦ ਸਿੰਘ, ਐਮ.ਐਲ.ਏ.:-** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਜੋ ਸਰਪੰਚਾਂ ਅਤੇ ਪੰਚਾਂ ਨੂੰ ਮਾਣ ਭੱਤਾ ਦਿੱਤਾ ਜਾਂਦਾ ਹੈ, ਉਸ ਵਿਚ ਕਿਸੇ ਤਰ੍ਹਾਂ ਦਾ ਵਾਧਾ ਕਰਨ ਦੀ ਕੋਈ ਤਜਵੀਜ਼ ਹੈ; ਜੇਕਰ ਅਜਿਹਾ ਹੋਵੇ ਤਾਂ ਇਹ ਵਾਧਾ ਕਿੰਨ੍ਹਾਂ ਅਤੇ ਕਦੋਂ ਤੱਕ ਕਰਨ ਦੀ ਤਜਵੀਜ ਹੈ?

ਬੱਸ ਸਟੈਂਡਾਂ ਤੇ ਹੋਈ ਆਮਦਨ ਬਾਰੇ

*1959. **ਸ਼੍ਰੀ ਅਵਤਾਰ ਸਿੰਘ ਜੂਨੀਅਰ, ਐਮ.ਐਲ.ਏ.:-** ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਜਲੰਧਰ, ਲੁਧਿਆਣਾ ਅਤੇ ਪਟਿਆਲਾ ਬੱਸ ਸਟੈਂਡਾਂ ਤੇ ਪ੍ਰਾਈਵੇਟ ਬੱਸਾਂ ਤੋਂ ਕਿੰਨੀ ਅੱਡਾ ਫੀਸ ਵਸੂਲੀ ਜਾਂਦੀ ਹੈ;

ਅ) ਜਲੰਧਰ, ਲੁਧਿਆਣਾ ਅਤੇ ਪਟਿਆਲਾ ਬੱਸ ਸਟੈਂਡਾਂ ਤੋਂ ਮਿਤੀ 1 ਅਪ੍ਰੈਲ 2017 ਤੋਂ 31 ਮਾਰਚ 2018 ਤੱਕ ਅੱਡਾ ਫੀਸ, ਇਸ਼ਤਿਹਾਰ, ਪਾਰਕਿੰਗ ਫੀਸ ਜਾਂ ਕੋਈ ਹੋਰ ਸਾਧਨਾਂ ਤੋਂ ਕੁੱਲ ਕਿੰਨੀ ਰਾਸ਼ੀ ਇਕੱਤਰ ਕੀਤੀ ਗਈ ਸੀ;

ੲ) 1 ਅਪ੍ਰੈਲ 2017 ਤੋਂ 31 ਮਾਰਚ 2018 ਤੱਕ ਕ੍ਰਮਵਾਰ ਜਲੰਧਰ, ਲੁਧਿਆਣਾ ਅਤੇ ਪਟਿਆਲਾ ਬੱਸ ਸਟੈਂਡਾਂ ਦੇ ਸੁਧਾਰ ਲਈ ਕੁੱਲ ਕਿੰਨੀ ਰਕਮ ਖਰਚ ਕੀਤੀ ਗਈ?

**ਹਲਕਾ ਚੱਬੇਵਾਲ ਵਿਚ ਸਰਕਾਰੀ ਸਹਿ ਸਿੱਖਿਆ ਡਿਗਰੀ ਕਾਲਜ ਖੋਲ੍ਹਣਾ**

***1905. ਸ਼੍ਰੀ ਰਾਜ ਕੁਮਾਰ ਚੱਬੇਵਾਲ, ਐਮ.ਐਲ.ਏ.:-** ਕੀ ਉਚੇਰੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਲੋਕਾਂ ਦੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਧਾਨ ਸਭਾ ਹਲਕਾ ਚੱਬੇਵਾਲ ਵਿੱਚ ਨਵਾਂ ਸਰਕਾਰੀ ਸਹਿ ਸਿੱਖਿਆ ਡਿਗਰੀ ਕਾਲਜ ਖੋਲ੍ਹਣ ਦੀ ਕੋਈ ਤਜਵੀਜ ਰੱਖਦੀ ਹੈ; ਜੇਕਰ ਹੈ ਤਾਂ ਇਸਦੇ ਵੇਰਵੇ ਕੀ ਹਨ?

ਬੰਨ੍ਹ ਬਨਾਉਣ ਲਈ ਬਜਟ ਰਿਲੀਜ਼ ਕਰਨਾ

*1866. **ਸ਼੍ਰੀ ਅਮਿਤ ਵਿੱਜ, ਐਮ.ਐਲ.ਏ.:-** ਕੀ ਜਲ ਸ੍ਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਜ਼ਿਲਾ ਪਠਾਨਕੋਟ ਦੀਆਂ ਵੱਖ-ਵੱਖ ਕਲੋਨੀਆਂ (ਬਜਰੀ ਕੰਪਨੀ/ਸੈਲੀ ਕੁਲਿਆਣ/ਡਿਫੈਂਸ ਕਲੋਨੀ/ਦੀਹਰ ਘਰਾਟ/ਮਮੂਨ) ਵਿੱਚ ਰਹਿ ਰਹੇ ਗਰੀਬ ਲੋਕਾਂ ਦੇ ਘਰਾਂ ਨੂੰ ਬਚਾਉਣ ਲਈ ਰਿਟੇਨਿੰਗ ਵਾਲਜ਼ (ਬੰਨ੍ਹ) ਬਨਾਉਣ ਲਈ ਤਕਰੀਬਨ 10 ਕਰੋੜ ਰੁਪਏ ਦੇ ਬਜਟ ਦਾ ਉਪਬੰਧ ਕਦੋਂ ਤੱਕ ਕਰ ਦਿੱਤਾ ਜਾਵੇਗਾ ?

ਹਲਕਾ ਅਬੋਹਰ ਦੇ ਘਰਾਂ ਅਤੇ ਢਾਣੀਆਂ ਨੂੰ ਬਿਜਲੀ ਸਪਲਾਈ ਦੇਣਾ

*2034. **ਸ਼੍ਰੀ ਅਰੁਣ ਨਾਰੰਗ, ਐਮ.ਐਲ.ਏ.:-** ਕੀ ਊਰਜਾ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਵਿਧਾਨ ਸਭਾ ਹਲਕਾ ਅਬੋਹਰ ਦੇ ਸਾਰੇ ਘਰਾਂ ਅਤੇ ਢਾਣੀਆਂ ਨੂੰ ਬਿਜਲੀ ਸਪਲਾਈ ਦੇਣ ਦੀ ਕੋਈ ਸਕੀਮ ਚੱਲ ਰਹੀ ਹੈ; ਜੇਕਰ ਅਜਿਹਾ ਹੋਵੇ ਤਾਂ ਕੇਂਦਰ ਸਰਕਾਰ ਅਤੇ ਰਾਜ ਸਰਕਾਰ ਵਲੋਂ ਇਸ ਸਕੀਮ ਲਈ ਕਿੰਨੇ-2 ਫੰਡ ਦਿੱਤੇ ਗਏ ਹਨ ਤੇ ਇਸ ਕੰਮ ਦੀ ਅਜੋਕੀ ਸਥਿਤੀ ਕੀ ਹੈ ਅਤੇ ਇਸ ਕੰਮ ਨੂੰ ਕਦੋਂ ਤੱਕ ਮੁਕੰਮਲ ਕਰ ਲਿਆ ਜਾਵੇਗਾ, ਵੇਰਵੇ ਸਹਿਤ ਦੱਸਿਆ ਜਾਵੇ?

**ਵਿਧਾਨ ਸਭਾ ਹਲਕਾ ਜ਼ੀਰਾ ਦੇ ਵੱਖ ਵੱਖ ਪਸ਼ੂ ਹਸਪਤਾਲਾਂ ਅਤੇ ਡਿਸਪੈਂਸਰੀਆਂ ਵਿਚ ਖਾਲੀ ਅਸਾਮੀਆਂ ਭਰਨਾ**

***2067. ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ.:-** ਕੀ ਪਸ਼ੂ ਪਾਲਣ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਵਿਧਾਨ ਸਭਾ ਹਲਕਾ ਜ਼ੀਰਾ ਵਿੱਚ ਵੱਖ ਵੱਖ ਪਸ਼ੂ ਹਸਪਤਾਲਾਂ ਅਤੇ ਡਿਸਪੈਂਸਰੀਆਂ ਵਿਚ ਡਾਕਟਰਾਂ ਅਤੇ ਪੈਰਾ-ਮੈਡੀਕਲ ਸਟਾਫ ਦੀਆਂ ਕਿੰਨੀਆਂ ਕਿੰਨੀਆਂ ਆਸਾਮੀਆਂ ਖਾਲੀ ਪਈਆਂ ਹਨ ਅਤੇ ਇਹ ਅਸਾਮੀਆਂ ਕਦੋਂ ਤੱਕ ਭਰ ਦਿੱਤੀਆਂ ਜਾਣਗੀਆਂ?

**ਖੰਨਾ ਤੋਂ ਬਰਵਾਲੀ ਅਤੇ ਬਰਵਾਲੀ ਤੋਂ ਖਮਾਣੋਂ ਸੜਕ ਦੀ ਰਿਪੇਅਰ ਕਰਨਾ**

***1782. ਸਰਦਾਰ ਗੁਰਕੀਰਤ ਸਿੰਘ ਕੋਟਲੀ, ਐਮ.ਐਲ.ਏ. :-** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ :-

**ੳ)** ਖੰਨਾ ਤੋਂ ਬਰਵਾਲੀ ਅਤੇ ਬਰਵਾਲੀ ਤੋਂ ਖਮਾਣੋਂ ਸੜਕ ਦੀ ਅਤਿ ਨਾਜ਼ੁਕ ਹਾਲਤ ਹੋਣ ਕਰਕੇ ਇਸ ਨੂੰ ਰਿਪੇਅਰ ਕਰਨ ਦਾ ਕੰਮ ਕਦੋਂ ਤੱਕ ਸ਼ੁਰੂ ਹੋ ਜਾਵੇਗਾ;

**ਅ)** ਕੀ ਖੰਨਾ ਤੋਂ ਬਰਵਾਲੀ ਤੱਕ ਸੜਕ ਨੂੰ ਚੌੜਾ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਇਸ ਸੜਕ ਨੂੰ ਕਦੋਂ ਤੱਕ ਚੌੜਾ ਕਰ ਦਿੱਤਾ ਜਾਵੇਗਾ?

ਜਿਲ੍ਹਾ ਬਰਨਾਲਾ ਦੇ ਪਿੰਡਾਂ ਗੰਗੋਹਰ ਅਤੇ ਮਹਿਲ ਖੁਰਦ ਨੂੰ ਜੋੜਨ ਵਾਲੀ ਸੜਕ ਦੇ ਕੱਚੇ ਰਸਤੇ ਨੂੰ ਪੱਕਾ ਕਰਨਾ

***1917. ਸਰਦਾਰ ਕੁਲਵੰਤ ਸਿੰਘ ਪੰਡੋਰੀ, ਐਮ.ਐਲ.ਏ.:-** ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਪਿੰਡ ਗੰਗੋਹਰ (ਜਿਲਾ ਬਰਨਾਲਾ) ਤੋਂ ਲੈ ਕੇ ਪਿੰਡ ਮਹਿਲ ਖੁਰਦ (ਜਿਲਾ ਬਰਨਾਲਾ) ਨੂੰ ਜੋੜਦੀ ਸੜਕ ਦੇ ਦੋ ਕਿਲੋਮੀਟਰ ਕੱਚੇ ਰਸਤੇ ਨੂੰ ਪੱਕਾ ਕਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

ਨੈਸ਼ਨਲ ਹੈਲਥ ਮਿਸ਼ਨ ਅਧੀਨ ਕਰਮਚਾਰੀਆਂ ਨੂੰ ਸਰਵਿਸ ਬਾਈ ਲਾਅਜ਼ ਅਧੀਨ ਪੇਅ ਸਕੇਲ ਦੇਣਾ

*1876. **ਸ਼੍ਰੀਮਤੀ ਰੁਪਿੰਦਰ ਕੌਰ ਰੂਬੀ, ਐਮ.ਐਲ.ਏ.:-** ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਨੈਸ਼ਨਲ ਹੈਲਥ ਮਿਸ਼ਨ ਅਧੀਨ ਕੰਮ ਕਰਦੇ ਕਰਮਚਾਰੀਆਂ ਨੂੰ ਹਰਿਆਣਾ ਰਾਜ ਦੀ ਤਰਜ ਤੇ ਸਰਵਿਸ ਬਾਈ ਲਾਅ ਅਧੀਨ ਪੇਅ ਸਕੇਲ ਅਤੇ ਮਹਿੰਗਾਈ ਭੱਤਾ ਦਿੱਤੇ ਜਾਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ;

ਅ) ਕੀ ਨੈਸ਼ਨਲ ਹੈਲਥ ਮਿਸ਼ਨ ਅਧੀਨ ਕੰਮ ਕਰਦੇ ਕਰਮਚਾਰੀਆਂ ਨੂੰ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਇਲਾਜ ਅਤੇ ਬੀਮਾ ਸਹੂਲਤਾਂ ਦਿੱਤੇ ਜਾਣ ਦੀ ਵੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

ਕਾਦੀਆਂ ਵਿਚ ਸੀਵਰੇਜ ਦਾ ਕੰਮ ਸ਼ੁਰੂ ਕਰਨਾ

*2027. **ਸਰਦਾਰ ਫਤਿਹ ਜੰਗ ਸਿੰਘ ਬਾਜਵਾ, ਐਮ.ਐਲ.ਏ.:-** ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਮੁੱਖ ਮੰਤਰੀ ਜੀ ਨੇ 15 ਅਗਸਤ 2017 ਨੂੰ ਗੁਰਦਾਸਪੁਰ ਵਿਖੇ ਕਾਦੀਆਂ ਵਿੱਚ ਸੀਵਰੇਜ ਦਾ ਕੰਮ ਕਰਨ ਲਈ ਐਲਾਨ ਕੀਤਾ ਸੀ; ਜੇਕਰ ਅਜਿਹਾ ਹੋਵੇ ਤਾਂ ਕਾਦੀਆਂ ਸ਼ਹਿਰ ਦੇ ਸੀਵਰੇਜ ਦਾ ਕੰਮ ਕਦੋਂ ਤੱਕ ਸ਼ੁਰੂ ਕੀਤਾ ਜਾਵੇਗਾ?

ਪੰਜਾਬ ਸਰਕਾਰ ਦੇ ਕਰਮਚਾਰੀਆਂ/ਪੈਨਸ਼ਨਰਾਂ ਦੇ ਮੈਡੀਕਲ ਭੱਤੇ ਵਿਚ ਵਾਧਾ ਕਰਨਾ

*2030. **ਸਰਦਾਰ ਮਨਜੀਤ ਸਿੰਘ, ਐਮ.ਐਲ.ਏ.:-** ਕੀ ਵਿੱਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਪੰਜਾਬ ਸਰਕਾਰ ਦੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਬਝਵਾਂ ਮੈਡੀਕਲ ਭੱਤਾ 500 ਰੁਪਏ ਪ੍ਰਤੀ ਮਹੀਨਾ ਤੋਂ ਵਧਾ ਕੇ 2000 ਰੁਪਏ ਪ੍ਰਤੀ ਮਹੀਨਾ ਕਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

ਪਰਤੋਂ ਜੀ.....

## ਮੌਜੂਦਾ ਸ਼ਾਸਨ-ਕਾਲ ਦੌਰਾਨ ਬਣਾਈਆਂ ਗਈਆਂ ਨੇਚਰ ਪਾਰਕਾਂ ਅਤੇ ਹੋਰ ਪਾਰਕਾਂ ਦਾ ਵੇਰਵਾ

*2099. ਸਰਦਾਰ ਰਣਦੀਪ ਸਿੰਘ ਨਾਭਾ, ਐਮ.ਐਲ.ਏ.:- ਕੀ ਜੰਗਲਾਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਰਾਜ ਵਿੱਚ ਮੌਜੂਦਾ ਸ਼ਾਸਨ-ਕਾਲ ਦੌਰਾਨ ਕਿੰਨੀਆਂ ਨੇਚਰ ਪਾਰਕਾਂ ਅਤੇ ਹੋਰ ਪਾਰਕਾਂ ਬਣਾਈਆਂ ਗਈਆਂ ਅਤੇ ਇਸ ਦੇ ਵੇਰਵੇ ਕੀ ਹਨ;

ਅ) ਉਪਰੋਕਤ ਦਰਸ਼ਾਏ ਗਏ ਪਾਰਕਾਂ ਉੱਤੇ ਖਰਚ ਹੋਏ ਫੰਡਾਂ ਦੇ ਵੇਰਵੇ ਕੀ ਹਨ ਅਤੇ ਮਿਤੀ ਅੰਤ ਤੱਕ ਇਨ੍ਹਾਂ ਉੱਤੇ ਕਿੰਨੀ ਰਕਮ ਖਰਚ ਕੀਤੀ ਗਈ?

## ਰਾਜ ਵਿਚ ਪ੍ਰਧਾਨ ਮੰਤਰੀ ਅਵਾਸ ਯੋਜਨਾ ਵਾਸਤੇ ਵੱਖਰੀ ਕਸਮੇਟੀ ਨਿਰਧਾਰਤ ਕਰਨਾ

***1794. ਸਰਦਾਰ ਲਖਵੀਰ ਸਿੰਘ ਲੱਖਾ, ਐਮ.ਐਲ.ਏ.**:- ਕੀ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਰਾਜ ਵਿਚ ਪ੍ਰਧਾਨ ਮੰਤਰੀ ਅਵਾਸ ਯੋਜਨਾ ਨੂੰ ਜ਼ਿਆਦਾ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੇ ਯੋਗ ਬਨਾਉਣ ਲਈ ਪੰਜਾਬ ਰਾਜ ਵਾਸਤੇ ਵੱਖਰੀ ਕਸਮੇਟੀ ਨਿਰਧਾਰਤ ਕਰਨ ਲਈ ਕੇਂਦਰ ਸਰਕਾਰ ਤੱਕ ਪਹੁੰਚ ਕਰੇਗੀ?

## ਕੰਢੀ ਖੇਤਰ ਦੇ ਪਿੰਡਾਂ ਵਿਚ ਪੀਣ ਵਾਲੇ ਪਾਣੀ ਦੀ ਸਮੱਸਿਆ ਹੱਲ ਕਰਨਾ

***1938. ਸਰਦਾਰ ਸੰਗਤ ਸਿੰਘ ਗਿਲਜ਼ੀਆਂ, ਐਮ.ਐਲ.ਏ.**:- ਕੀ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਸਰਕਾਰ ਦੇ ਧਿਆਨ ਵਿਚ ਹੈ ਕਿ ਜ਼ਿਲ੍ਹਾ ਹੁਸ਼ਿਆਰਪੁਰ ਦੇ ਕੰਢੀ ਖੇਤਰ ਦੇ ਪਿੰਡਾਂ ਵਿਚ ਖਾਸ ਕਰਕੇ ਕੋਈਂ, ਬਹੂਹੀ, ਨਰੂੜ, ਮਨਹੋਤਾ, ਖੰਗਵਾੜੀ, ਰਾਮ ਟਟਵਾਲੀ (ਬਲਾਕ ਭੂੰਗਾ) ਆਦਿ ਵਿਚ ਪੀਣ ਵਾਲੇ ਪਾਣੀ ਦੀ ਭਾਰੀ ਕਿੱਲਤ ਹੈ ਅਤੇ ਇਹ ਪਾਣੀ ਬਹੁਤ ਦੂਸ਼ਿਤ ਅਤੇ ਕੈਂਸਰ ਪਰਵਿਰਤੀ ਵਾਲਾ ਹੈ; ਜੇਕਰ ਅਜਿਹਾ ਹੋਵੇ ਤਾਂ ਭਵਿੱਖ ਵਿਚ ਇਸ ਖੇਤਰ ਦੇ ਵਸਨੀਕਾਂ ਦੀ ਇਹ ਸਮੱਸਿਆ ਹੱਲ ਕਰਨ ਲਈ ਸਰਕਾਰ ਦੀ ਕੀ ਤਜ਼ਵੀਜ਼ ਹੈ?

## ਟੋਲ ਪਲਾਜ਼ੇ ਤੇ ਲਗ ਰਹੀ ਪਰਚੀ ਦਾ ਰੇਟ ਘਟਾਉਣਾ

*1861. ਸਰਦਾਰ ਹਰਮਿੰਦਰ ਸਿੰਘ ਗਿੱਲ, ਐਮ.ਐਲ.ਏ.:- ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਤਰਨ ਤਾਰਨ-ਬਠਿੰਡਾ ਵਾਇਆ ਹਰੀਕੇ ਲਈ ਬਣੀ ਚਹੁੰਮਾਰਗੀ ਸੜਕ ਉਪਰ ਤਰਨ ਤਾਰਨ ਲਾਗੇ ਉਸਮਾਂ ਪਿੰਡ ਉਪਰ ਬਣੇ ਟੋਲ ਪਲਾਜੇ ਕਰਕੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਹੋ ਰਹੀ ਹੈ; ਜੇਰਕ ਅਜਿਹਾ ਹੋਵੇ ਤਾਂ ਕੀ ਇਸ ਟੋਲ ਪਲਾਜੇ ਉਪਰ 175/- ਰੁਪਏ ਦੀ ਲੱਗ ਰਹੀ ਪਰਚੀ ਨੂੰ ਘਟਾਉਣ ਵਾਸਤੇ ਪੰਜਾਬ ਸਰਕਾਰ ਕੋਈ ਕਾਰਵਾਈ ਕਰ ਰਹੀ ਹੈ;

ਅ) ਕੀ ਇਸ ਟੋਲ ਪਲਾਜ਼ੇ ਕਰਕੇ ਇਸ ਦੇ ਆਸ-ਪਾਸ ਦੀਆਂ ਲਿੰਕ ਸੜਕਾਂ ਜੋ ਹੈਵੀ ਗੱਡੀਆਂ ਲੰਘਣ ਕਰਕੇ ਟੁੱਟ ਗਈਆਂ ਹਨ, ਨੂੰ ਬਚਾਉਣ ਵਾਸਤੇ ਸਰਕਾਰ ਕੋਈ ਕਾਰਵਾਈ ਕਰ ਰਹੀ ਹੈ?

## ਹਲਕਾ ਮੌੜ ਵਿੱਚ ਡਾਕਟਰੀ ਅਮਲੇ ਦੀ ਘਾਟ ਪੂਰੀ ਕਰਨਾ

***2094.** ਸਰਦਾਰ ਜਗਦੇਵ ਸਿੰਘ ਕਮਾਲੂ, ਐਮ.ਐਲ.ਏ.:- ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਮੌੜ ਦੇ ਪਿੰਡਾਂ ਵਿਚਲੇ ਹਸਪਤਾਲਾਂ, ਹੈਲਥ ਸੈਂਟਰਾਂ ਅਤੇ ਡਿਸਪੈਂਸਰੀਆਂ ਵਿੱਚ ਡਾਕਟਰਾਂ ਅਤੇ ਸਟਾਫ ਦੀ ਬੇਹਦ ਘਾਟ ਨੂੰ ਕਦੋਂ ਤੱਕ ਪੂਰਾ ਕੀਤਾ ਜਾਵੇਗਾ?

## ਗਊ ਸੈੱਸ ਦੀ ਵਸੂਲੀ ਉਪਰੰਤ ਉਪਰਾਲੇ

***1831.** 1. ਸ਼੍ਰੀ ਸੰਜੀਵ ਤਲਵਾੜ, ਐਮ.ਐਲ.ਏ.)

2. ਡਾ. ਹਰਜੋਤ ਕਮਲ ਸਿੰਘ, ਐਮ.ਐਲ.ਏ.) :- ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪੰਜਾਬ ਸਰਕਾਰ ਵਲੋਂ ਕਈ ਚੀਜਾਂ ਤੇ ਗਊ ਸੈੱਸ ਲਗਾ ਕੇ ਉਸ ਦੀ ਵਸੂਲੀ ਕੀਤੀ ਜਾ ਰਹੀ ਹੈ ਜਿਹੜੀ ਕਿ ਸਾਲ ਦੀ ਕਰੋੜਾਂ ਰੁਪਏ ਬਣਦੀ ਹੈ ਪਰ ਗਊ ਸੈੱਸ ਲੱਗਣ ਦੇ ਬਾਵਜੂਦ ਮੋਗਾ ਅਤੇ ਪੰਜਾਬ ਦੇ ਬਾਕੀ ਸ਼ਹਿਰਾਂ ਵਿੱਚ ਪਸ਼ੂ ਸੜਕਾਂ ਤੇ ਖੁਲ੍ਹੇਆਮ ਘੁੰਮ ਰਹੇ ਹਨ ਅਤੇ ਰੋਜਾਨਾ ਹੀ ਕਈ ਹਾਦਸੇ ਹੁੰਦੇ ਹਨ; ਜੇਕਰ ਅਜਿਹਾ ਹੋਵੇ ਤਾਂ ਸਰਕਾਰ ਵਲੋਂ ਕਰੋੜਾਂ ਰੁਪਏ ਦਾ ਟੈਕਸ ਗਊ ਸੈੱਸ ਦੇ ਰੂਪ ਵਿਚ ਲੈਣ ਤੋਂ ਬਾਅਦ ਵੀ ਸੜਕਾਂ ਤੇ ਘੁੰਮ ਰਹੇ ਪਸ਼ੂਆਂ ਨੂੰ ਫੜਕੇ ਖੁੱਲ੍ਹੀਆ ਥਾਂਵਾ ਵਿਚ ਰੱਖਣ ਲਈ ਕਿਹੜੇ-ਕਿਹੜੇ ਉੱਪਰਾਲੇ ਕੀਤੇ ਜਾ ਰਹੇ ਹਨ?

## ਸ਼ਗਨ ਸਕੀਮ ਦੀ ਰਾਸ਼ੀ ਨੂੰ ਵਧਾਉਣਾ

***2007. ਸਰਦਾਰ ਬਿਕਰਮ ਸਿੰਘ ਮਜੀਠੀਆ, ਐਮ.ਐਲ.ਏ.**:- ਕੀ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸ਼ਗਨ ਸਕੀਮ ਦੀ ਰਾਸ਼ੀ ਨੂੰ 21000/- ਰੁਪਏ ਤੋਂ ਵਧਾ ਕੇ 51000/- ਰੁਪਏ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ, ਜੇਕਰ ਅਜਿਹਾ ਹੋਵੇ ਤਾਂ ਇਹ ਕਦੋਂ ਤੱਕ ਕਰ ਦਿੱਤੀ ਜਾਵੇਗੀ?

## ਪਿੰਡ ਗੁਨਾਚੌਰ ਦਾ ਵਾਟਰ ਵਰਕਸ ਮੁੜ ਚਾਲੂ ਕਰਨਾ

***1995. ਡਾ. ਸੁਖਵਿੰਦਰ ਕੁਮਾਰ, ਐਮ.ਐਲ.ਏ.**:- ਕੀ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਵਿਧਾਨ ਸਭਾ ਹਲਕਾ ਬੰਗਾ ਦੇ ਪਿੰਡ ਗੁਨਾਚੌਰ ਦਾ ਵਾਟਰ ਵਰਕਸ ਜੋ ਪਿਛਲੇ 6 ਮਹੀਨੇ ਤੋਂ ਖ਼ਰਾਬ ਪਿਆ ਹੈ, ਨੂੰ ਠੀਕ ਕਰਕੇ ਮੁੜ ਤੋਂ ਕਦੋਂ ਤੱਕ ਚਾਲੂ ਕਰ ਦਿੱਤਾ ਜਾਵੇਗਾ?

## ਰਾਜ ਦੇ ਵੱਡੇ ਸ਼ਹਿਰਾਂ ਨੂੰ ਨਹਿਰੀ ਪਾਣੀ ਸਪਲਾਈ ਕਰਵਾਉਣਾ

*1714. 1. **ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਐਮ.ਐਲ.ਏ.)**

2. ਸਰਦਾਰ ਹਰਦਿਆਲ ਸਿੰਘ ਕੰਬੋਜ਼, ਐਮ.ਐਲ.ਏ) :- ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਰਾਜ ਅੰਦਰ ਧਰਤੀ ਹੇਠਲਾ ਪਾਣੀ ਬਹੁਤ ਡੂੰਘਾ ਹੋਣ ਦੇ ਮੱਦੇਨਜ਼ਰ ਰਾਜ ਦੇ ਵੱਡੇ ਸ਼ਹਿਰਾਂ ਜਿਵੇਂ ਅੰਮ੍ਰਿਤਸਰ, ਜਲੰਧਰ, ਲੁਧਿਆਣਾ ਅਤੇ ਬਠਿੰਡਾ ਆਦਿ ਨੂੰ ਨਹਿਰੀ ਪਾਣੀ ਸਪਲਾਈ ਕਰਵਾਉਣ ਦੀ ਕਿਸੇ ਤਜਵੀਜ਼ ਤੇ ਸਰਕਾਰ ਵਿਚਾਰ ਕਰ ਰਹੀ ਹੈ; ਜੇਕਰ ਅਜਿਹਾ ਹੋਵੇ ਤਾਂ ਕਦੋਂ ਤੱਕ ਇਨ੍ਹਾਂ ਸ਼ਹਿਰਾਂ ਨੂੰ ਨਹਿਰੀ ਪਾਣੀ ਸਪਲਾਈ ਕਰਵਾ ਦਿੱਤਾ ਜਾਵੇਗਾ;

ਅ) ਜੇਕਰ ਉਪਰੋਕਤ (ੳ) ਦਾ ਉੱਤਰ ਹਾਂ ਵਿਚ ਹੋਵੇ ਤਾਂ ਇਨ੍ਹਾਂ ਸ਼ਹਿਰਾਂ ਵਾਸਤੇ ਕਿਹੜੇ-ਕਿਹੜੇ ਦਰਿਆ ਤੋਂ ਪਾਣੀ ਲਿਆਉਣ ਦੀ ਤਜਵੀਜ਼ ਹੈ ਅਤੇ ਇਸ ਪ੍ਰਾਜੈਕਟ ਤੇ ਕਿੰਨਾਂ ਖਰਚਾ ਕਰਕੇ ਇਸ ਪ੍ਰਾਜੈਕਟ ਨੂੰ ਕਦੋਂ ਤੱਕ ਪੂਰਾ ਕਰਨ ਦਾ ਟੀਚਾ ਮਿੱਥਿਆ ਗਿਆ ਹੈ?

ਚੰਡੀਗੜ੍ਹ
ਮਿਤੀ 20 ਫਰਵਰੀ, 2019

ਸੁਪਰਡੰਟ
ਪੰਜਾਬ ਵਿਧਾਨ ਸਭਾ
ਚੰਡੀਗੜ੍ਹ

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ,
ਪੰਜਾਬ ਵਿਧਾਨ ਸਭਾ।